ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਨਾੜ ਨਾ ਸਾੜਨ ਸਬੰਧੀ ਪਿੰਡ ਆਵਾ ਤੇ ਕਰਨੀ ਖੇੜਾ ਵਿਖੇ ਵਿਸ਼ੇਸ਼ ਪ੍ਰੋਗਰਾਮ 3 ਅਕਤੂਬਰ ਨੂੰ ਦੌਰਾ ਕਰਕੇ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਲੈਣਗੇ ਜਾਇਜ਼ਾ

ਫਾਜ਼ਿਲਕਾ 2 ਅਕਤੂਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਜ਼ਿਲ੍ਹੇ ਅੰਦਰ ਸ਼ੁਰੂ ਹੋਈ ਝੋਨੇ ਦੀ ਸਰਕਾਰੀ ਖਰੀਦ ਨੂੰ ਦੇਖਦਿਆਂ ਕੱਲ ਮਿਤੀ 3 ਅਕਤੂਬਰ 2017 ਨੂੰ ਫਾਜ਼ਿਲਕਾ ਦੀ ਅਨਾਜ ਮੰਡੀ ਵਿਖੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਦੌਰਾ ਕੀਤਾ ਜਾਵੇਗਾ। ਇਸ ਉਪਰੰਤ ਪਿੰਡ ਆਵਾ ਅਤੇ ਕਰਨੀ ਖੇੜਾ ਵਿਖੇ ਸਵੱਛ ਭਾਰਤ ਮਿਸ਼ਨ ਤਹਿਤ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਸਬੰਧੀ ਆਯੋਜਿਤ ਕੀਤੇ ਜਾਣ ਵਾਲੇ ਪ੍ਰੋਗਰਾਮ ਵਿਖੇ ਸ਼ਿਰਕਤ ਕਰਕੇ ਲੋਕਾਂ ਨੂੰ ਜਾਗਰੂਕ ਕਰਨਗੇ।

ਡਿਪਟੀ ਕਮਿਸ਼ਨਰ ਵੱਲੋਂ ਅਨਾਜ ਮੰਡੀ ਵਿਖੇ ਪਹੁੰਚ ਕੇ ਕਿਸਾਨਾਂ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲੈਣਗੇ ਤੇ ਉਨ੍ਹਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ। ਪਿੰਡ ਆਵਾ ਅਤੇ ਕਰਨੀ ਖੇੜਾ ਵਿਖੇ ਆਯੋਜਿਤ ਕੀਤੇ ਵਾਲੇ ਪ੍ਰੋਗਰਾਮ ਵਿਖੇ ਡਿਪਟੀ ਕਮਿਸ਼ਨਰ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਨਾ ਸਾੜਨ ਬਾਰੇ ਜਾਗਰੂਕ ਕਰਨਗੇ।